15199 14/8/18

ਦਫਤਰ ਜਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
(ਫੁਟਕਲ ਸ਼ਾਖਾ)

ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਜਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਦੂਜੇ ਰਾਜਾਂ ਅਤੇ ਬਾਹਰਲੇ ਜ਼ਿਲ੍ਹਿਆਂ ਤੋ ਬਹੁਤ ਸਾਰੇ ਲੋਕ ਨੌਕਰੀ/ਕੰਮ ਕਾਰ ਲਈ ਆਉਂਦੇ ਹਨ। ਇਸ ਤੋਂ ਇਲਾਵਾ ਹੋਰ ਵਿਦਿਅਕ ਅਦਾਰਿਆਂ/ਸੰਸਥਾਵਾਂ ਵਿੱਚ ਪੜ੍ਹਾਈ ਲਈ ਦੂਜੇ ਰਾਜਾਂ ਤੋਂ ਵਿਦਿਆਰਥੀ/ਸਿੱਖਿਆਰਥੀ, ਵੱਖ ਵੱਖ ਕਿੱਤਿਆਂ/ਕਾਰੋਬਾਰਾਂ ਨਾਲ ਸਬੰਧਤ ਵਿਅਕਤੀ ਬਤੌਰ ਪੇਇੰਗ ਗੈਸਟ ਅਤੇ ਕਾਲ ਸੈਂਟਰਾਂ ਵਿੱਚ ਸਰਵਿਸ ਕਰ ਰਹੇ ਕਰਮਚਾਰੀ ਭੀ ਕਿਰਾਏ ਤੇ ਰਹਿ ਰਹੇ ਹਨ। ਮਕਾਨ ਮਾਲਕਾ ਵੱਲੋਂ ਰੱਖੇ ਗਏ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਆਦਿ ਕਈ ਵਾਰ ਨਸ਼ੇ, ਅਸਮਾਜਿਕ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੇ ਮਕਾਨਾਂ ਅਤੇ ਪਬਲਿਕ ਸਥਾਨਾਂ ਤੇ ਸ਼ਰਾਬ/ਨਸ਼ਾ ਕਰਕੇ ਹੁੜਦੰਗ ਕਰਦੇ ਰਹਿੰਦੇ ਹਨ, ਜਿਸ ਕਰਕੇ ਅਮਨ ਤੇ ਕਾਨੂੰਨ ਦੀ ਸਥਿੱਤੀ ਵਿਗੜਨ ਦਾ ਡਰ ਬਣਿਆ ਰਹਿੰਦਾ ਹੈ। ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਿਸ ਪਾਸ ਸਮੇਂ ਸਿਰ ਦਰਜ ਨਹੀਂ ਕਰਵਾਈ ਜਾਂਦੀ।

ਮੈਂ ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ, ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਇਸ ਤਰ੍ਹਾਂ ਦੇ ਜੁਰਮ/ਵਾਰਦਾਤਾਂ ਦੀ ਰੋਕਥਾਮ ਕਰਨੀ ਜ਼ਰੂਰੀ ਸਮਝਦੀ ਹੋਈ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਇਹ ਹੁਕਮ ਜਾਰੀ ਕਰਦੀ ਹਾਂ ਕਿ ਜ਼ਿਲ੍ਹੇ ਦੀਆਂ ਮਿਉਂਸਪਲ ਕਮੇਟੀਆਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਆਪਣੇ ਘਰ ਵਿੱਚ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਨਿਮਨ ਅਨੁਸਾਰ ਸ਼ਰਤਾਂ ਦੀ ਪਾਲਣਾ ਕਰਨ ਲਈ ਪਾਬੰਦ ਹੋਵੇਗਾ:-

1) <u>ਜਿਨ੍ਹਾਂ ਮਕਾਨ ਮਾਲਕਾ ਨੇ ਅਜੇ ਤੱਕ ਕਿਰਾਏਦਾਰਾ ਦੀ ਸੂਚਨਾ ਪੁਲਿਸ ਨੂੰ ਨਹੀਂ ਦਿੱਤੀ ਹੈ, ਉਹ ਇਹ ਸੂਚਨਾ ਇਸ ਹੁਕਮ ਦੇ ਜਾਰੀ ਹੋਣ ਦੀ ਮਿਤੀ ਤੋਂ ਇੱਕ ਹਫਤੇ ਦੇ ਅੰਦਰ-ਅੰਦਰ ਪੁਲਿਸ ਥਾਣੇ ਵਿਖੇ ਜਮ੍ਹਾਂ ਕਰਵਾਉਣ ਲਈ ਪਾਬੰਦ ਹੋਣਗੇ।</u>

2) <u>ਭਵਿਖ ਵਿੱਚ ਜਦੋਂ ਕੋਈ ਵੀ ਮਕਾਨ ਮਾਲਕ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਸ ਦੀ ਸੂਚਨਾ ਇੱਕ ਹਫਤੇ ਦੇ ਅੰਦਰ-ਅੰਦਰ ਪੁਲਿਸ ਥਾਣੇ ਵਿੱਚ ਜਮ੍ਹਾਂ ਕਰਵਾਏਗਾ।</u>

ਸੀਨੀਅਰ ਕਪਤਾਨ ਪੁਲਿਸ ਅਤੇ ਸਬੰਧਤ ਉਪ ਮੰਡਲ ਮੈਜਿਸਟਰੇਟਰਜ਼ ਇਨ੍ਹਾਂ ਹੁਕਮਾ ਦੀ ਸਖਤੀ ਨਾਲ ਇੰਨ-ਬਿੰਨ ਪਾਲਣਾ ਕਰਵਾਉਣ ਲਈ ਲੋੜੀਂਦੀ ਕਾਰਵਾਈ ਕਰਨਗੇ। ਏਰੀਆ ਦਾ ਮੁੱਖ ਥਾਣਾ ਅਫਸਰ ਇਨ੍ਹਾਂ ਹੁਕਮਾ ਦੀ ਪਾਲਣਾ ਕਰਨ ਲਈ ਨਿੱਜੀ ਤੌਰ ਤੇ ਜਿੰਮੇਵਾਰ ਹੋਵੇਗਾ। ਬਿਨ੍ਹਾਂ ਸੂਚਨਾ ਤੋਂ ਰੱਖੇ ਗਏ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਦੇ ਘਰਾਂ ਦੀ ਚੈਕਿੰਗ ਕਰਦੇ ਸਮੇਂ ਮਹਿਲਾ ਪੁਲਿਸ ਨੂੰ ਵੀ ਨਾਲ ਰੱਖਿਆ ਜਾਵੇ।

ਇਹ ਹੁਕਮ ਮਿਤੀ 10-08-2018 ਤੋਂ ਮਿਤੀ 09 -10-2018 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਸ ਹੁਕਮ ਦਾ ਪ੍ਰਚਾਰ ਜ਼ਿਲਾ ਲੋਕ ਸੰਪਰਕ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫਤਰਾਂ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਰੇਡੀਓ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 10-08-2018 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

District Magistrate S.A.S. Nagar

ਸਹੀ/-
ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 16372-100 /ਐਮ.ਸੀ-। ਮਿਤੀ: 10-8-18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਂਜ ਰੂਪਨਗਰ।
5. ਜਿਲਾ ਅਤੇ ਸ਼ੈਸ਼ਨ ਜੱਜ, ਰੂਪਨਗਰ।
6. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7. ਸਕੱਤਰ,ਪੰਜਾਬ ਸਕੂਲ ਸਿੱਖਿਆ,ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ. ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
10. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
14. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
15. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
16. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
17. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
18. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕਪੁਰ, ਬਨੂੜ ਅਤੇ ਲਾਲੜੂ।
19. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
21. ਸਕੱਤਰ ਮਾਰਕੀਟ ਕਮੇਟੀ ਖਰੜ, ਡੇਰਾਬਸੀ, ਕੁਰਾਲੀ, ਲਾਲੜੂ, ਬਨੂੰੜ।
22. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
23. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
24. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

45373-95 ਮਿਤੀ 14-8-18

ਸੁਪਰਡੰਟ ਗ੍ਰੇਡ-1
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ